# BUILDING SAFETY CERTIFICATE

**Subject:** **Building Safety Certificate for Shivalik Public School, Phase-6, SAS Nagar (Mohali).**

**Shivalik Public School, Phase-6, SAS Nagar (Mohali)** ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ Syal & Associated, Dr. I.C Syal, Sector-74, Mohali ਦਾ ਪੱਤਰ ਨੰ: S.A/2025-26/ICS/11 ਮਿਤੀ 09.04.2025 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2026 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1 ਨਿਰੀਖਣ ਤੋਂ ਬਾਅਦ ਜੇਕਰ ਸਕੂਲ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇ।

2 ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜ਼ੋ ਬਣਦੀ ਕਾਰਵਾਈ ਕੀਤੀ ਜਾ ਸਕੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਹਨਾਂ ਦੇ ਨੰ: 2004-102303-Fire/80162 ਮਿਤੀ 24.12.2024 ਦੁਆਰਾ ਜਾਰੀ ਕੀਤਾ ਗਿਆ ਹੈ। ਜੇਕਰ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ ਮਿਤੀ 24.12.2025 ਤੋਂ ਮਿਤੀ 31.03.2026 ਤੱਕ ਰੀਨਿਊ ਕਰਵਾਉਂਣ ਉਪਰੰਤ ਇਸ ਦਫਤਰ ਵਿੱਚ ਜ਼ਮ੍ਹਾਂ ਨਾ ਕਰਵਾਇਆ ਗਿਆ ਤਾਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਂਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਉਕਤ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖ ਆਫਤਾਂ ਆਉਂਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ.ਇੰਸਪੈਕਸ਼ਨ ਕਰਾਉਂਣ ਦੀ ਨਿਰੋਲ ਜ਼ਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।

5 ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

6 ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਇਹ ਸੰਸਥਾ ਉਸ ਨੂੰ ਮੰਨਣ ਦੀ ਪਾਬੰਦ ਹੋਵੇਗੀ।

7 ਜੇਕਰ ਬਿਲਡਿੰਗ ਉਪਰ ਹੋਰ ਮੰਜ਼ਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜ਼ਿਲਾ ਵਿੱਚ ਜਮਾਤਾਂ ਨਾ ਲਗਾਈਆਂ ਜਾਣ।

8 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

9 ਇਹ ਸਰਟੀਫਿਕੇਟ ਕੇਵਲ Visual Inspection ਦੀ ਅਧਾਰ ਤੇ ਕੇਵਲ Structural Safety ਪੱਖੋਂ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, Equipment ਆਦਿ ਬਾਬਤ ਇਸ ਦਫਤਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।

Anupkiran Kaur
Principal
Shivalik Public School
Sector-6 (Mohali) 160 055
Distt. S.A.S. Nagar (Pb.)

Satwant Kaur
Manager
Shivalik Educational Society (REGD.)
Chandigarh